# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਕ ਖਬਰਾਂ ਪੰਜਾਬੀ

## 13:10

**ਮਿਤੀ: 25-10-2026**

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਕਿਹਾ ਕਿ ਮਨ ਕੀ ਬਾਤ ਨੇ 12 ਸਾਲ ਪੂਰੇ ਕਰ ਲਏ ਨੇ ਅਤੇ ਇਹ ਯਾਤਰਾ ਉਨ੍ਹਾਂ ਲਈ ਇੱਕ ਤੀਰਥ ਯਾਤਰਾ ਵਾਂਗ ਮਹਿਸੂਸ ਹੋਈ ਏ । ਅੱਜ ਆਕਾਸ਼ਵਾਣੀ 'ਤੇ ਆਪਣੇ ਮਨ ਕੀ ਬਾਤ ਪ੍ਰੋਗਰਾਮ ਰਾਹੀਂ ਦੇਸ਼ ਵਿਦੇਸ਼ 'ਚ ਲੋਕਾਂ ਨਾਲ ਆਪਣੇ ਵਿਚਾਰ ਸਾਂਝੇ ਕਰਦਿਆਂ ਪ੍ਰਧਾਨ ਮੰਤਰੀ ਨੇ ਕਿਹਾ ਕਿ ਮਨ ਕੀ ਬਾਤ 12 ਸਾਲ ਪਹਿਲਾਂ ਵਿਜੇਦਸ਼ਮੀ ਦੇ ਸ਼ੁਭ ਮੌਕੇ 'ਤੇ ਸ਼ੁਰੂ ਹੋਈ ਸੀ। ਪ੍ਰਧਾਨ ਮੰਤਰੀ ਨੇ ਕਿਹਾ ਕਿ ਦੇਸ਼ ਕੋਲ ਬਹੁਤ ਸਾਰੇ ਰਵਾਇਤੀ ਹੁਨਰ ਨੇ ਜੋ ਪੀੜ੍ਹੀਆਂ ਤੋਂ ਇਸਦੀ ਪਛਾਣ ਦਾ ਹਿੱਸਾ ਰਹੇ ਨੇ । ਪ੍ਰਧਾਨ ਮੰਤਰੀ ਨੇ ਪੰਜਾਬ ਵਿੱਚ ਚੱਲ ਰਹੀ ਇੱਕ ਪਹਿਲਕਦਮੀ 'ਤੇ ਚਾਨਣਾ ਪਾਇਆ। 'ਖੇਤੀ ਵਿਰਾਸਤ ਮਿਸ਼ਨ' ਨਾਮਕ ਇੱਕ ਸੰਗਠਨ ਨੇ ਜੈਵਿਕ ਖੇਤੀ ਅਤੇ ਰਵਾਇਤੀ ਖੇਤੀਬਾੜੀ ਅਭਿਆਸਾਂ ਵਿੱਚ ਨਵਾਂ ਜੀਵਨ ਭਰਨਾ ਸ਼ੁਰੂ ਕਰ

ਦਿੱਤਾ ਏ। ਟੀਮ ਦਾ ਉਦੇਸ਼ ਪੰਜਾਬ ਦੇ ਮਾਲਵਾ ਖੇਤਰ ਵਿੱਚ ਕੁਦਰਤੀ ਕਪਾਹ ਦੀ ਖੇਤੀ ਨੂੰ ਉਤਸ਼ਾਹਿਤ ਕਰਨਾ ਸੀ, ਜਿਸਦੀ ਸ਼ੁਰੂਆਤ 'ਨਵ-ਤ੍ਰਿੰਜਨ' ਨਾਮਕ ਪਹਿਲਕਦਮੀ ਸੀ। ਸ਼੍ਰੀ ਮੋਦੀ ਨੇ ਜ਼ਿਕਰ ਕੀਤਾ ਕਿ ਕਿਵੇਂ ਰਮਨਦੀਪ ਕੌਰ, ਸੁਨੇਹਾ ਦੇਵੀ, ਅਤੇ ਰਜਨੀ ਕੌਰ, ਨੂੰ ਹੁਣ ਇੱਕ ਹੁਨਰਮੰਦ-ਬੁਣਕਰ ਵਜੋਂ ਮਾਨਤਾ ਦਿੱਤੀ ਜਾ ਰਹੀ ਏ

।BYTE:RNU251026

ਪ੍ਰਧਾਨ ਮੰਤਰੀ ਨੇ ਕਿਹਾ ਕਿ ਦੀਵਾਲੀ ਅਤੇ ਛੱਠ ਵਰਗੇ ਤਿਉਹਾਰਾਂ ਤੋਂ ਪਹਿਲਾਂ ਕਈ ਥਾਵਾਂ 'ਤੇ ਸਫਾਈ ਮੁਹਿੰਮ ਚਲਾਈ ਜਾ ਰਹੀ ਏ। ਉਨ੍ਹਾਂ ਨੇ ਹਰ ਥਾਂ ਖਾਸਕਰ ਰਹਿਣ ਵਾਲੀਆਂ ਥਾਵਾਂ 'ਤੇ ਸਫਾਈ ਬਣਾਈ ਰੱਖਣ ਦੀ ਜ਼ਰੂਰਤ 'ਤੇ ਜ਼ੋਰ ਦਿੱਤਾ। ਪ੍ਰਧਾਨ ਮੰਤਰੀ ਨੇ ਖੁਸ਼ੀ ਪ੍ਰਗਟ ਕੀਤੀ ਕਿ ਲੋਕ ਇਸ ਤਿਉਹਾਰੀ ਸੀਜ਼ਨ ਦੌਰਾਨ ਖਰੀਦਦਾਰੀ ਕਰਦੇ ਸਮੇਂ ਸਵਦੇਸ਼ੀ ਉਤਪਾਦਾਂ ਨੂੰ ਬਹੁਤ ਮਹੱਤਵ ਦੇ ਰਹੇ ਨੇ। ਈ-ਸੰਜੀਵਨੀ ਯੋਜਨਾ ਬਾਰੇ ਬੋਲਦਿਆਂ, ਪ੍ਰਧਾਨ ਮੰਤਰੀ ਮੋਦੀ ਨੇ ਸੰਤੁਸ਼ਟੀ ਪ੍ਰਗਟ ਕੀਤੀ ਕਿ ਲੋਕਾਂ ਦੇ ਜੀਵਨ ਨੂੰ ਆਸਾਨ ਬਣਾਉਣ ਲਈ ਇਸ ਮੰਚ ਰਾਹੀਂ ਹੁਣ ਤੱਕ ਲਗਭਗ 50 ਕਰੋੜ ਟੈਲੀ-ਕੰਸਲਟੇਸ਼ਨ ਕੀਤੇ ਗਏ ਨੇ।ਪ੍ਰਧਾਨ ਮੰਤਰੀ ਮੋਦੀ ਨੇ

ਮੋਟੇ ਅਨਾਜਾਂ ਬਾਰੇ ਗੱਲ ਕਰਦਿਆਂ ਜ਼ਿਕਰ ਕੀਤਾ ਕਿ 2023 ਨੂੰ ਭਾਰਤ ਦੇ ਸੱਦੇ 'ਤੇ 'ਅੰਤਰਰਾਸ਼ਟਰੀ ਬਾਜਰੇ ਸਾਲ' ਵਜੋਂ ਮਨਾਇਆ ਗਿਆ ਸੀ। ਉਨ੍ਹਾਂ ਕਿਹਾ ਕਿ ਇਸ ਨੂੰ ਵਿਸ਼ਵ ਪੱਧਰ 'ਤੇ ਬਹੁਤ ਹਾਂ-ਪੱਖੀ ਹੁੰਗਾਰਾ ਮਿਲਿਆ। ਮਹਾਰਿਸ਼ੀ ਵਾਲਮੀਕਿ ਦੀ ਜਨਮ ਵਰ੍ਹੇਗੰਢ ਕੱਲ੍ਹ 26 ਅਕਤੂਬਰ ਨੂੰ ਮਨਾਈ ਜਾਵੇਗੀ। ਪ੍ਰਧਾਨ ਮੰਤਰੀ ਨੇ ਕਿਹਾ ਕਿ ਭਾਵੇਂ ਹਜ਼ਾਰਾਂ ਸਾਲ ਬੀਤ ਗਏ ਹਨ, ਪਰ ਮਹਾਰਿਸ਼ੀ ਵਾਲਮੀਕਿ ਦਾ ਰਾਮਾਇਣ ਅੱਜ ਵੀ ਨਵੀਂ ਸਮਝ ਪ੍ਰਦਾਨ ਕਰਦਾ ਏ। 'ਮਨ ਕੀ ਬਾਤ' ਸੰਬੋਧਨ ਦੀ ਸਮਾਪਤੀ ਕਰਦੇ ਹੋਏ, ਪ੍ਰਧਾਨ ਮੰਤਰੀ ਨੇ ਆਉਣ ਵਾਲੇ ਤਿਉਹਾਰਾਂ  ਦੀਵਾਲੀ ਅਤੇ ਛੱਠ ਲਈ ਲੋਕਾਂ ਨੂੰ ਸ਼ੁਭਕਾਮਨਾਵਾਂ ਦਿੱਤੀਆਂ। ਉਨ੍ਹਾਂ ਉਮੀਦ ਪ੍ਰਗਟਾਈ ਕਿ ਲੋਕ ਇਨ੍ਹਾਂ ਤਿਉਹਾਰਾਂ ਨੂੰ ਸਿਹਤਮੰਦ ਅਤੇ ਸੁਰੱਖਿਅਤ ਰਹਿ ਕੇ ਮਨਾਉਣਗੇ।

-----------------------------------------------------------------------

ਪੰਜਾਬ ਸਰਕਾਰ ਨੇ ਚਾਲੂ ਵਿੱਤੀ ਸਾਲ 2026-27 ਦੌਰਾਨ ਅਸ਼ੀਰਵਾਦ ਯੋਜਨਾ ਤਹਿਤ ਹੁਣ ਤੱਕ 12 ਹਜ਼ਾਰ 784 ਲਾਭਪਾਤਰੀਆਂ ਨੂੰ 65 ਕਰੋੜ 20 ਲਖ  ਰੁਪਏ ਦੀ ਵਿੱਤੀ ਸਹਾਇਤਾ ਜਾਰੀ ਕੀਤੀ ਏ। ਸਮਾਜਿਕ ਨਿਆਂ, ਅਧਿਕਾਰਤਾ ਅਤੇ ਘੱਟ ਗਿਣਤੀ ਮੰਤਰੀ ਡਾ.

ਬਲਜੀਤ ਕੌਰ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਇਸ ਸਕੀਮ ਅਧੀਨ ਹਰ ਯੋਗ ਲਾਭਪਾਤਰੀ ਨੂੰ ਧੀ ਦੇ ਵਿਆਹ ਲਈ 51 ਹਜ਼ਾਰ ਰੁਪਏ ਦੀ ਵਿੱਤੀ ਸਹਾਇਤਾ ਪ੍ਰਦਾਨ ਕੀਤੀ ਜਾਂਦੀ ਏ । ਉਨ੍ਹਾਂ ਕਿਹਾ ਕਿ ਇੱਕ ਪਰਿਵਾਰ ਦੀਆਂ ਵੱਧ ਤੋਂ ਵੱਧ ਦੋ ਧੀਆਂ ਇਸ ਸਕੀਮ ਦਾ ਲਾਭ ਲੈ ਸਕਦੀਆਂ ਹਨ, ਜਿਸ ਨਾਲ ਹੋਰ ਵੱਧ ਲੋੜਵੰਦ ਪਰਿਵਾਰਾਂ ਨੂੰ ਸਮੇਂ ਸਿਰ ਸਹਾਇਤਾ ਮਿਲ ਰਹੀ ਏ । ਡਾ. ਬਲਜੀਤ ਕੌਰ ਨੇ ਦੱਸਿਆ ਕਿ ਜਾਰੀ ਕੀਤੀ ਗਈ ਕੁੱਲ ਰਾਸ਼ੀ ਵਿੱਚੋਂ ਅਨੁਸੂਚਿਤ ਜਾਤੀ ਵਰਗ ਦੇ 8,774 ਲਾਭਪਾਤਰੀਆਂ ਨੂੰ 44 ਕਰੋੜ 75 ਲਖ ਰੁਪਏ, ਜਦਕਿ ਆਰਥਿਕ ਤੌਰ 'ਤੇ ਕਮਜ਼ੋਰ ਵਰਗ ਅਤੇ ਪੱਛੜੀਆਂ ਸ਼੍ਰੇਣੀਆਂ ਨਾਲ ਸਬੰਧਤ 4,010 ਲਾਭਪਾਤਰੀਆਂ ਨੂੰ 20 ਕਰੋੜ 45 ਲਖ ਰੁਪਏ ਦੀ ਵਿੱਤੀ ਸਹਾਇਤਾ ਜਾਰੀ ਕੀਤੀ ਗਈ ਏ । ਡਾ. ਬਲਜੀਤ ਕੌਰ ਨੇ ਕਿਹਾ ਕਿ ਅਸ਼ੀਰਵਾਦ ਸਕੀਮ ਤਹਿਤ ਵਿੱਤੀ ਸਹਾਇਤਾ ਸਿਧੇ ਬੈਂਕ ਟਰਾਂਸਫਰ ਪ੍ਰਣਾਲੀ ਰਾਹੀਂ ਸਿੱਧੇ ਲਾਭਪਾਤਰੀਆਂ ਦੇ ਬੈਂਕ ਖਾਤਿਆਂ ਵਿੱਚ ਭੇਜੀ ਜਾਂਦੀ ਏ ।

---------------------------------------------------------------------

ਪੰਜਾਬ ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾਂ ਨੇ ਕੋਟਕਪੂਰਾ ਦੇ ਪਿੰਡ ਸੰਧਵਾਂ ਵਿਖੇ ਲਾਲ ਲਕੀਰ ਅੰਦਰ ਵਸਦੇ ਲੋਕਾਂ ਨੂੰ

ਉਨ੍ਹਾਂ ਦੇ ਘਰਾਂ ਦੇ ਮਾਲਕੀ ਹੱਕਾਂ ਸਬੰਧੀ ਦਸਤਾਵੇਜ਼ ਤਕਸੀਮ ਕੀਤੇ । ਉਨ੍ਹਾਂ ਕਿਹਾ ਕਿ ਜਿਨ੍ਹਾਂ ਲੋਕਾਂ ਕੋਲ ਆਪਣੇ ਘਰਾਂ ਦੀ ਮਲਕੀਅਤ ਦੇ ਦਸਤਾਵੇਜ ਨਹੀਂ ਸਨ, ਉਨ੍ਹਾਂ ਨੂੰ ਮੇਰਾ ਘਰ ਮੇਰੇ ਨਾਮ ਯੋਜਨਾ ਤਹਿਤ ਬਹੁਤ ਲਾਭ ਪ੍ਰਾਪਤ ਹੋਇਆ ਏ । ਉਨ੍ਹਾਂ ਕਿਹਾ ਕਿ ਘਰ ਦੀ ਮਾਲਕੀ ਸਬੰਧੀ ਦਸਤਾਵੇਜ਼ ਹੋਣ ਨਾਲ ਲੋਕਾਂ ਨੂੰ ਆਪਣੀ ਜਾਇਦਾਦ ਦੇ ਰਿਕਾਰਡ ਨੂੰ ਸੰਭਾਲਣ ਅਤੇ ਲੋੜ ਪੈਣ ਤੇ ਮਾਲਕੀ ਸਬੰਧੀ ਸਬੂਤ ਪੇਸ਼ ਕਰਨ ਵਿੱਚ ਸਹੂਲਤ ਮਿਲਦੀ ਏ ।

---

ਪੰਜਾਬ ਸਰਕਾਰ ਵੱਲੋਂ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੇ 650 ਸਾਲਾ ਪ੍ਰਕਾਸ਼ ਪੁਰਬ ਦੇ ਸਬੰਧ ਵਿੱਚ ਅੱਜ ਸ੍ਰੀ ਮੁਕਤਸਰ ਸਾਹਿਬ ਦੇ ਗੁਰੂ ਗੋਬਿੰਦ ਸਿੰਘ ਸਟੇਡੀਅਮ ਵਿਚ ਡਰੋਨ ਸ਼ੋਅ ਕਰਵਾਇਆ ਜਾ ਰਿਹਾ ਏ ਡਿਪਟੀ ਕਮਿਸ਼ਨਰ ਅਮਿਤ ਕੁਮਾਰ ਪੰਚਾਲ ਨੇ ਇਲਾਕਾ ਵਾਸੀਆਂ ਨੂੰ ਆਪੋ ਆਪਣੇ ਪਰਿਵਾਰਾਂ ਸਮੇਤ ਅੱਜ ਸ਼ਾਮ 5 ਵਜੇ ਖੇਡ ਸਟੇਡੀਅਮ ਵਿੱਚ ਪਹੁੰਚ ਕੇ ਡਰੋਨ ਸ਼ੋਅ ਦਾ ਜਰੂਰ ਅਨੰਦ ਮਾਨਣ ਦੀ ਅਪੀਲ ਕੀਤੀ।

---

ਬਠਿੰਡਾ ਦੇ ਡਿਪਟੀ ਕਮਿਸ਼ਨਰ ਰਾਜੇਸ਼ ਧੀਮਾਨ ਨੇ ਕਿਸਾਨਾਂ ਨੂੰ ਅਪੀਲ ਕੀਤੀ ਕਿ ਉਹ ਝੋਨੇ ਦੀ ਪਰਾਲੀ ਨੂੰ ਅੱਗ ਲਗਾਉਣ ਤੋਂ ਗੁਰੇਜ਼ ਕਰਨ ਅਤੇ ਪਰਾਲੀ ਦਾ ਸੁਚੱਜਾ ਪ੍ਰਬੰਧਨ ਕਰਕੇ ਵਾਤਾਵਰਣ ਦੀ ਸੰਭਾਲ ਵਿੱਚ ਆਪਣਾ ਯੋਗਦਾਨ ਪਾਉਣ। ਬੀਤੇ ਦਿਨੀ ਪਿੰਡ ਕੋਠਾਗੁਰੂ ਦਾ ਦੌਰਾ ਕਰਦਿਆਂ ਉਨ੍ਹਾਂ ਕਿਹਾ ਕਿ ਪਰਾਲੀ ਨੂੰ ਅੱਗ ਲਗਾਉਣ ਨਾਲ ਵਾਤਾਵਰਣ ਪ੍ਰਦੂਸ਼ਿਤ ਹੁੰਦਾ ਏ ਅਤੇ ਇਸ ਦਾ ਮਨੁੱਖੀ ਸਿਹਤ, ਪਸ਼ੂ-ਪੰਛੀਆਂ ਅਤੇ ਜ਼ਮੀਨ ਦੀ ਉਪਜਾਊ ਸ਼ਕਤੀ ’ਤੇ ਮਾੜਾ ਪ੍ਰਭਾਵ ਪੈਂਦਾ ਏ । ਡਿਪਟੀ ਕਮਿਸ਼ਨਰ ਨੇ ਕਿਹਾ ਕਿ ਪਰਾਲੀ ਸਾੜਨ ਨਾਲ ਪੈਦਾ ਹੋਣ ਵਾਲਾ ਧੂੰਆਂ ਹਵਾ ਦੀ ਗੁਣਵੱਤਾ ਨੂੰ ਪ੍ਰਭਾਵਿਤ ਕਰਦਾ ਏ । ਉਨ੍ਹਾਂ ਕਿਸਾਨਾਂ ਨੂੰ ਆਧੁਨਿਕ ਖੇਤੀ ਮਸ਼ੀਨਰੀ ਦੀ ਵਰਤੋਂ ਕਰਕੇ ਪਰਾਲੀ ਦਾ ਖੇਤਾਂ ਵਿੱਚ ਹੀ ਸੁਚੱਜਾ ਪ੍ਰਬੰਧਨ ਕਰਨ ਦਾ ਸਦਾ ਦਿਤਾ ।

---------------------------------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਜਾਪਾਨ ਵਿੱਚ ਹੋਈਆਂ ਏਸ਼ੀਅਨ ਪੈਰਾ ਖੇਡਾਂ ਵਿੱਚ ਰਿਕਾਰਡ 114 ਤਮਗੇ ਜਿੱਤਣ 'ਤੇ ਭਾਰਤੀ ਪੈਰਾ ਐਥਲੀਟਾਂ ਨੂੰ ਵਧਾਈ ਦਿੱਤੀ। ਉਨ੍ਹਾਂ ਨੇ ਇਸ ਬੇਹਤਰੀਨ ਖੇਡ ਪ੍ਰਦਰਸ਼ਨ ਨੂੰ ਦੇਸ਼ ਲਈ ਬਹੁਤ ਮਾਣ ਅਤੇ ਖੁਸ਼ੀ ਦਾ ਪਲ ਦੱਸਿਆ। ਇੱਕ ਸੋਸ਼ਲ ਮੀਡੀਆ

ਪੋਸਟ ਵਿੱਚ, ਸ੍ਰੀ ਮੋਦੀ ਨੇ ਕਿਹਾ ਕਿ ਹਾਲ ਹੀ ਵਿੱਚ ਸਮਾਪਤ ਹੋਈਆਂ ਖੇਡਾਂ ਐਥਲੀਟਾਂ ਦੁਆਰਾ ਇੱਕ ਬੇਮਿਸਾਲ ਪ੍ਰਾਪਤੀ ਸਨ। ਉਨ੍ਹਾਂ ਨੇ ਦਲ ਦੇ ਹਰੇਕ ਮੈਂਬਰ ਨੂੰ ਉਨ੍ਹਾਂ ਦੇ ਅਸਾਧਾਰਨ ਦ੍ਰਿੜ ਇਰਾਦੇ ਲਈ ਵਧਾਈ ਦਿੱਤੀ।

-----------------------------------------------------------------------

ਸਾਊਥ ਕੋਰੀਆ ਦੀ ਟੀਮ 9ਵੇ ਹਾਕੀ ਏਸ਼ੀਆ ਕੱਪ ਚੈਂਪੀਅਨਸ਼ਿਪ ਵਿੱਚ ਹਿੱਸਾ ਲੈਣ ਲਈ ਅੱਜ ਮੁਹਾਲੀ ਪਹੁੰਚੀ । ਮੁਹਾਲੀ ਜਿਲ੍ਹਾ ਪ੍ਰਸ਼ਾਸਨ ਵਲੋਂ ਜਿਲ੍ਹਾ ਖੇਡ ਅਧਿਕਾਰੀ ਉਮੇਸ਼ਵਰੀ ਸ਼ਰਮਾ ਨੇ ਫੁੱਲਾਂ ਦੇ ਹਾਰ ਪਾਕੇ ਟੀਮ ਦਾ ਸਵਾਗਤ ਕੀਤਾ । ਕੋਰੀਆ ਖਿਡਾਰੀਆਂ ਨੂੰ ਹਾਕੀ ਦੀ ਸਲਾਮੀ ਵੀ ਦਿੱਤੀ ਗਈ। ਇਹ 6 ਦੇਸ਼ਾਂ ਦੀ ਆਖਰੀ ਟੀਮ ਸੀ ਬਾਕੀ ਦੇਸ਼ਾਂ ਚੀਨ, ਮਲੇਸ਼ੀਆ, ਬੰਗਲਾਦੇਸ਼, ਜਾਪਾਨ ਦੀਆਂ ਟੀਮਾਂ ਪਹਿਲਾਂ ਹੀ ਪਹੁੰਚ ਚੁੱਕੀਆਂ ਨੇ I 27 ਅਕਤੂਬਰ ਨੂੰ ਜਲੰਧਰ ਵਿਖੇ ਮੁਕਾਬਲੇ ਦੀ ਸ਼ੁਰੁਆਤ ਮਲੇਸ਼ੀਆ ਅਤੇ ਚੀਨ ਦਰਮਿਆਨ ਮੈਚ ਨਾਲ ਹੋਵੇਗੀ । 4 ਤੇ 5 ਨਵੰਬਰ ਨੂੰ ਮੁਕਾਬਲੇ ਮੁਹਾਲੀ ਦੇ ਸੈਕਟਰ 63 ਸਥਿਤ ਕੌਮਾਂਤਰੀ ਹਾਕੀ ਸਟੇਡੀਅਮ ਵਿਖੇ ਕਰਵਾਏ ਜਾਣਗੇ ਜਿਸ 5 ਨਵੰਬਰ ਨੂੰ ਫਾਈਨਲ ਮੈਚ ਹੋਵੇਗਾ ਅਤੇ ਕਪ

ਜਿੱਤਣ ਵਾਲੀ ਟੀਮ ਨੂੰ ਏਸ਼ੀਆ ਕੱਪ ਟਰਾਫ਼ੀ ਦਿੱਤੀ ਜਾਵੇਗੀ। ਮੁਹਾਲੀ ਚ ਪ੍ਰਬੰਧ ਪੂਰੇ ਕਰ ਲਏ ਗਏ ਹਨ ਅਤੇ ਖਿਡਾਰੀਆਂ ਦੀ ਸੁਵਿੱਧਾ ਲਈ ਪ੍ਰਸ਼ਾਸਨ ਅਤੇ ਨਗਰ ਨਿਗਮ ਦੇ ਮੇਅਰ ਸਰਬਜੀਤ ਸਿੰਘ ਸਮਾਣਾ ਨੇ ਵੀ ਬੀਤੇ ਦਿਨੀਂ ਦੌਰਾ ਕਰਕੇ ਪ੍ਰਬੰਧਾਂ ਦਾ ਜਾਇਜ਼ਾ ਲਿਆ ਅਤੇ ਜ਼ਰੂਰੀ ਨਿਰਦੇਸ਼ ਦਿੱਤੇ।

---------------------------------------------------------------------------

ਜਲੰਧਰ, ਮਾਨਸਾ, ਫਾਜ਼ਿਲਕਾ ਸਮੇਤ ਵੱਖ-ਵੱਖ ਜ਼ਿਲਿਆਂ ਵਿਚ ਬੀਤੇ ਸ਼ਾਮ ਹਨੇਰੀ-ਝੱਖੜ ਤੇ ਤੇਜ਼ ਹਵਾਵਾਂ ਨਾਲ ਮੀਂਹ ਪਿਆ । ਕਈ ਥਾਈਂ ਗੜੇ ਪੈਣ ਨਾਲ ਮੰਡੀਆਂ ਵਿੱਚ ਪਿਆ ਝੋਨਾ ਨੁਕਸਾਨਿਆ ਗਿਆ ਏ ।